ਧਨਾਸਰੀ ਮਹਲਾ ੩ ਤੀਜਾ ॥ ਜਗੁ ਮੈਲਾ ਮੈਲੋ ਹੋਇ ਜਾਇ ॥ ਆਵੈ ਜਾਇ ਦੂਜੈ ਲੋਭਾਇ ॥ ਦੂਜੈ ਭਾਇ ਸਭ ਪਰਜ ਵਿਗੋਈ ॥ ਮਨਮੁਖਿ ਚੋਟਾ ਖਾਇ ਅਪੁਨੀ ਪਤਿ ਖੋਈ ॥ ੧॥ ਗੁਰ ਸੇਵਾ ਤੇ ਜਨੁ ਨਿਰਮਲੁ ਹੋਇ ॥ ਅੰਤਰਿ ਨਾਮੁ ਵਸੈ ਪਤਿ ਊਤਮ ਹੋਇ ॥ ਰਹਾਉ ॥ ਗੁਰਮੁਖਿ ਉਬਰੇ ਹਰਿ ਸਰਣਾਈ ॥ ਰਾਮ ਨਾਮਿ ਰਾਤੇ ਭਗਤਿ ਦ੍ਰਿੜਾਈ ॥ ਭਗਤਿ ਕਰੇ ਜਨੁ ਵਡਿਆਈ ਪਾਏ ॥ ਸਾਚਿ ਰਤੇ ਸੁਖ ਸਹਜਿ ਸਮਾਏ ॥੨॥ ਸਾਚੇ ਕਾ ਗਾਹਕੁ ਵਿਰਲਾ ਕੋ ਜਾਣੁ ॥ ਗੁਰ ਕੈ ਸਬਦਿ ਆਪੁ ਪਛਾਣੁ ॥ ਸਾਚੀ ਰਾਸਿ ਸਾਚਾ ਵਾਪਾਰੁ ॥ ਸੋ ਧੰਨੁ ਪੁਰਖੁ ਜਿਸੁ ਨਾਮਿ ਪਿਆਰੁ ॥੩॥ ਤਿਨਿ ਪ੍ਰਭਿ ਸਾਚੈ ਇਕਿ ਸਚਿ ਲਾਏ ॥ ਊਤਮ ਬਾਣੀ ਸਬਦੁ ਸੁਣਾਏ ॥ ਪ੍ਰਭ ਸਾਚੇ ਕੀ ਸਾਚੀ ਕਾਰ ॥ ਨਾਨਕ ਨਾਮਿ ਸਵਾਰਣਹਾਰ ॥੪॥੩॥ {ਪੰਨਾ 664}

ਨੋਟ:- ਲਫ਼ਜ਼ 'ਮਹਲਾ' ਦੇ ਨਾਲ ਵਰਤੇ ਅੰਕ 1, 2, 3, 4, 5, 9 ਨੂੰ ਪਹਿਲਾ, ਦੂਜਾ, ਤੀਜਾ, ਚੌਥਾ, ਪੰਜਵਾਂ ਅਤੇ ਨਾਂਵਾਂ ਪੜ੍ਹਨਾ ਹੈ।

ਪਦਅਰਥ:- ਮੈਲੋ—ਮੈਲਾ ਹੀ, ਹੋਰ ਹੋਰ ਮੈਲਾ। ਹੋਇ ਜਾਇ—ਹੁੰਦਾ ਜਾਂਦਾ ਹੈ। ਆਵੈ ਜਾਇ—ਜੰਮਦਾ ਹੈ ਮਰਦਾ ਹੈ। ਦੂਜੈ—ਪਰਮਾਤਮਾ ਤੋਂ ਬਿਨਾ ਹੋਰ ਵਿਚ, ਮਾਇਆ ਦੇ ਮੋਹ ਵਿਚ। ਲੋਭਾਇ—ਲੋਭ ਕਰ ਕੇ, ਫਸ ਕੇ। ਦੂਜੈ ਭਾਇ—ਮਾਇਆ ਦੇ ਮੋਹ ਵਿਚ। ਪਰਜ—ਪਰਜਾ, ਲੁਕਾਈ। ਵਿਗੋਈ—ਖ਼ੁਆਰ ਹੋ ਰਹੀ ਹੈ। ਮਨਮੁਖਿ—ਆਪਣੇ ਮਨ ਦੇ ਪਿੱਛੇ ਤੁਰਨ ਵਾਲਾ।1।

ਤੇ—ਤੋਂ, ਦੀ ਰਾਹੀਂ। ਜਨੁ—ਸੇਵਕ। ਪਤਿ—ਇੱਜ਼ਤ। ਰਹਾਉ।

ਗੁਰਮੁਖਿ—ਗੁਰੂ ਦੇ ਸਨਮੁਖ ਰਹਿਣ ਵਾਲੇ। ਉਬਰੇ—ਬਚ ਗਏ। ਨਾਮਿ—ਨਾਮ ਵਿਚ। ਰਾਤੇ—ਮਗਨ। ਦ੍ਰਿੜਾਈ—ਹਿਰਦੇ ਵਿਚ ਪੱਕੀ ਟਿਕਾ ਲਈ। ਸਾਚੀ—ਸਦਾ-ਥਿਰ ਪ੍ਰਭੂ ਵਿਚ। ਸਹਜਿ—ਆਤਮਕ ਅਡੋਲਤਾ ਵਿਚ।2।

ਗਾਹਕੁ—ਮਿਲਣ ਦਾ ਚਾਹਵਾਨ। ਜਾਣੁ—ਸਮਝੋ। ਸਬਦਿ—ਸ਼ਬਦ ਦੀ ਰਾਹੀਂ। ਆਪੁ—ਆਪਣੇ ਆਤਮਕ ਜੀਵਨ ਨੂੰ। ਪਛਾਣੁ—ਪਛਾਣੂ, ਪਛਾਣਨ ਵਾਲਾ। ਰਾਸਿ—ਸਰਮਾਇਆ। ਧੰਨੁ—ਭਾਗਾਂ ਵਾਲਾ। ਜਿਸੁ ਪਿਆਰੁ—ਜਿਸ ਦਾ ਪਿਆਰ।3।

ਤਿਨਿ ਪ੍ਰਭਿ—ਉਸ ਪ੍ਰਭੂ ਨੇ। ਸਾਚੈ—ਸਦਾ ਕਾਇਮ ਰਹਿਣ ਵਾਲੇ ਨੇ। ਇਕਿ—{ਲਫ਼ਜ਼ 'ਇਕ' ਤੋਂ ਬਹੁ-ਵਚਨ} ਕਈਆਂ ਨੂੰ। ਸਚਿ—ਸਦਾ-ਥਿਰ ਨਾਮ ਵਿਚ। ਊਤਮ—ਸ੍ਰੇਸ਼ਟ (ਜੀਵਨ ਵਾਲੇ)। ਸਾਚੀ ਕਾਰ—ਅਟੱਲ ਮਰਯਾਦਾ। ਸਵਾਰਣਹਾਰ—ਜੀਵਨ ਸੋਹਣਾ ਬਣਾ ਸਕਣ ਵਾਲਾ।4।

ਅਰਥ:- ਹੇ ਭਾਈ! ਗੁਰੂ ਦੀ (ਦੱਸੀ ਹੋਈ) ਸੇਵਾ ਦੀ ਰਾਹੀਂ ਮਨੁੱਖ ਪਵਿੱਤਰ ਜੀਵਨ ਵਾਲਾ ਬਣ ਜਾਂਦਾ ਹੈ, ਉਸ ਦੇ ਅੰਦਰ ਪਰਮਾਤਮਾ ਦਾ ਨਾਮ ਆ ਵੱਸਦਾ ਹੈ, ਤੇ, ਉਸ ਨੂੰ ਉੱਚੀ ਇੱਜ਼ਤ ਮਿਲਦੀ ਹੈ। ਰਹਾਉ।

ਹੇ ਭਾਈ! ਮਾਇਆ ਦੇ ਮੋਹ ਵਿਚ ਫਸ ਕੇ ਜਗਤ ਮੈਲੇ ਜੀਵਨ ਵਾਲਾ ਹੋ ਜਾਂਦਾ ਹੈ, ਹੋਰ ਹੋਰ ਵਧੀਕ ਮੈਲੇ ਜੀਵਨ ਵਾਲਾ ਬਣਦਾ ਜਾਂਦਾ ਹੈ, ਤੇ ਜਨਮ ਮਰਨ ਦੇ ਗੇੜ ਵਿਚ ਪਿਆ ਰਹਿੰਦਾ ਹੈ। ਹੇ ਭਾਈ! ਮਾਇਆ ਦੇ ਮੋਹ ਵਿਚ ਫਸ ਕੇ ਸਾਰੀ ਲੁਕਾਈ ਖ਼ੁਆਰ ਹੁੰਦੀ ਹੈ। ਆਪਣੇ ਮਨ ਦੇ ਪਿੱਛੇ ਤੁਰਨ ਵਾਲਾ ਮਨੁੱਖ (ਮਾਇਆ ਦੇ ਮੋਹ ਦੀਆਂ) ਸੱਟਾਂ ਖਾਂਦਾ ਹੈ, ਤੇ, ਆਪਣੀ ਇੱਜ਼ਤ ਗਵਾਂਦਾ ਹੈ।1।

ਹੇ ਭਾਈ! ਗੁਰੂ ਦੇ ਸਨਮੁਖ ਰਹਿਣ ਵਾਲੇ ਮਨੁੱਖ ਪਰਮਾਤਮਾ ਦੀ ਸਰਨ ਪੈ ਕੇ (ਮਾਇਆ ਦੇ ਮੋਹ ਤੋਂ) ਬਚ ਨਿਕਲਦੇ ਹਨ, ਉਹ ਪਰਮਾਤਮਾ ਦੇ ਨਾਮ ਵਿਚ ਮਗਨ ਰਹਿੰਦੇ ਹਨ, ਪਰਮਾਤਮਾ ਦੀ ਭਗਤੀ ਆਪਣੇ ਹਿਰਦੇ ਵਿਚ ਪੱਕੀ

ਟਿਕਾਈ ਰੱਖਦੇ ਹਨ। ਹੇ ਭਾਈ! ਜੇਹੜਾ ਮਨੁੱਖ ਪਰਮਾਤਮਾ ਦੀ ਭਗਤੀ ਕਰਦਾ ਹੈ ਉਹ (ਲੋਕ ਪਰਲੋਕ ਵਿਚ) ਇੱਜ਼ਤ ਖੱਟਦਾ ਹੈ। ਜੇਹੜੇ ਮਨੁੱਖ ਸਦਾ-ਥਿਰ ਪ੍ਰਭੂ (ਦੇ ਪ੍ਰੇਮ-ਰੰਗ) ਵਿਚ ਰੰਗੇ ਰਹਿੰਦੇ ਹਨ ਉਹ ਆਤਮਕ ਹੁਲਾਰਿਆਂ ਵਿਚ ਆਤਮਕ ਅਡੋਲਤਾ ਵਿਚ ਮਸਤ ਰਹਿੰਦੇ ਹਨ।2।

(ਹੇ ਭਾਈ! ਫਿਰ ਭੀ,) ਸਦਾ-ਥਿਰ ਪ੍ਰਭੂ ਨਾਲ ਮਿਲਾਪ ਦਾ ਚਾਹਵਾਨ ਕਿਸੇ ਵਿਰਲੇ ਮਨੁੱਖ ਨੂੰ ਹੀ ਸਮਝੋ। (ਜੇਹੜਾ ਕੋਈ ਮਿਲਾਪ ਦਾ ਚਾਹਵਾਨ ਹੁੰਦਾ ਹੈ, ਉਹ) ਗੁਰੂ ਦੇ ਸ਼ਬਦ ਵਿਚ ਜੁੜ ਕੇ ਆਪਣੇ ਆਤਮਕ ਜੀਵਨ ਨੂੰ ਪਰਖਣ ਵਾਲਾ ਬਣ ਜਾਂਦਾ ਹੈ। ਉਹ ਮਨੁੱਖ ਸਦਾ-ਥਿਰ ਹਰਿ-ਨਾਮ ਦੀ ਪੂੰਜੀ (ਆਪਣੇ ਅੰਦਰ ਸਾਂਭ ਕੇ ਰੱਖਦਾ ਹੈ), ਉਹ ਮਨੁੱਖ ਸਦਾ ਸਾਥ ਨਿਬਾਹੁਣ ਵਾਲਾ (ਹਰਿ-ਨਾਮ ਸਿਮਰਨ ਦਾ) ਵਪਾਰ ਕਰਦਾ ਹੈ। ਹੇ ਭਾਈ! ਉਹ ਮਨੁੱਖ ਭਾਗਾਂ ਵਾਲਾ ਹੈ ਜਿਸ ਦਾ ਪਿਆਰ ਪਰਮਾਤਮਾ ਦੇ ਨਾਮ ਵਿਚ ਪੈ ਜਾਂਦਾ ਹੈ।3।

ਹੇ ਭਾਈ! ਉਸ ਸਦਾ-ਥਿਰ ਪ੍ਰਭੂ ਨੇ ਕਈ (ਮਨੁੱਖਾਂ) ਨੂੰ (ਆਪਣੇ) ਸਦਾ-ਥਿਰ ਨਾਮ ਵਿਚ ਜੋੜਿਆ ਹੋਇਆ ਹੈ ਉਹਨਾਂ ਨੂੰ ਗੁਰੂ ਦੀ ਬਾਣੀ ਗੁਰੂ ਦਾ ਸ਼ਬਦ ਸੁਣਾਂਦਾ ਹੈ, ਤੇ ਪਵਿਤ੍ਰ ਜੀਵਨ ਵਾਲਾ ਬਣਾ ਦੇਂਦਾ ਹੈ। ਹੇ ਨਾਨਕ! ਸਦਾ ਕਾਇਮ ਰਹਿਣ ਵਾਲੇ ਪ੍ਰਭੂ ਦੀ ਇਹ ਅਟੱਲ ਮਰਯਾਦਾ ਹੈ ਕਿ ਉਹ ਆਪਣੇ ਨਾਮ ਵਿਚ ਜੋੜ ਕੇ ਜੀਵਾਂ ਦੇ ਜੀਵਨ ਸੋਹਣੇ ਬਣਾ ਦੇਣ ਵਾਲਾ ਹੈ।4। 4।